**ਪ੍ਰਧਾਨ ਮੰਤਰੀ ਨੂੰ ਇਥੀਓਪੀਆ ਦੇ ਸਭ ਤੋਂ ਉੱਚ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ (16 ਦਸੰਬਰ, 2025)**

16 ਦਸੰਬਰ 2025

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ 16-17 ਦਸੰਬਰ, 2025 ਨੂੰ ਇਥੀਓਪੀਆ ਦੀ ਆਪਣੀ ਪਹਿਲੀ ਦੁਵੱਲੀ ਯਾਤਰਾ ਕਰ ਰਹੇ ਹਨ.ਅੱਜ ਅੱਡੀਸ ਅੰਤਰਾਸ਼ਟਰੀ ਸੰਮੇਲਨ ਕੇਂਦਰ ਵਿੱਚ ਆਯੋਜਿਤ ਇੱਕ ਵਿਸ਼ੇਸ਼ ਸਮਾਰੋਹ ਵਿੱਚ, ਇਥੀਓਪੀਆ ਦੇ ਪ੍ਰਧਾਨ ਮੰਤਰੀ, ਮਹਾਮਹਿਮ ਡਾ. ਅਬੀ ਅਹਿਮਦ ਨੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੂੰ ਭਾਰਤ-ਇਥੋਪੀਆ ਸਾਂਝੇਦਾਰੀ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦੇ ਅਸਧਾਰਨ ਯੋਗਦਾਨ ਅਤੇ ਇੱਕ ਵਿਸ਼ਵ-ਵਿਆਪੀ ਰਾਜਨੇਤਾ ਵਜੋਂ ਉਨ੍ਹਾਂ ਦੀ ਦੂਰ-ਦਰਸ਼ੀ ਅਗਵਾਈ ਲਈ ਇਥੀਓਪੀਆ ਦੇ ਸਭ ਤੋਂ ਉੱਚ ਪੁਰਸਕਾਰ 'ਗ੍ਰੇਟ ਆਨਰ ਨਿਸ਼ਾਨ ਆਫ਼ ਇਥੋਪੀਆ' ਨਾਲ ਸਨਮਾਨਿਤ ਕੀਤਾ।

2. ਇਸ ਮੌਕੇ 'ਤੇ ਬੋਲਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਲਈ ਵਿਸ਼ਵ ਦੀ ਸਭ ਤੋਂ ਪ੍ਰਾਚੀਨ ਸੱਭਿਅਤਾਵਾਂ ਵਿੱਚੋਂ ਇੱਕ ਵਲੋਂ ਇਸ ਪੁਰਸਕਾਰ ਨੂੰ ਸਵੀਕਾਰ ਕਰਨਾ ਇੱਕ ਸਨਮਾਨ ਦੀ ਗੱਲ ਹੈ, ਅਤੇ ਉਹਨਾਂ ਨੇ ਇਸ ਨੂੰ ਨਿਮਰਤਾ ਅਤੇ ਸ਼ੁਕਰਗੁਜ਼ਾਰੀ ਦੀ ਡੂੰਘੀ ਭਾਵਨਾ ਨਾਲ ਸਵੀਕਾਰ ਕੀਤਾ. ਪ੍ਰਧਾਨ ਮੰਤਰੀ ਮੋਦੀ ਨੇ ਇਸ ਸਨਮਾਨ ਲਈ ਪ੍ਰਧਾਨ ਮੰਤਰੀ ਡਾ. ਅਬੀ ਅਤੇ ਇਥੋਪੀਆ ਦੀ ਜਨਤਾ ਦੇ ਪ੍ਰਤੀ ਦਿਲੋਂ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਨੇ ਰਾਸ਼ਟਰੀ ਏਕਤਾ, ਸਥਿਰਤਾ ਅਤੇ ਸਮਾਵੇਸ਼ੀ ਵਿਕਾਸ ਨੂੰ ਵਧਾਵਾ ਦੇਣ ਲਈ ਪ੍ਰਧਾਨ ਮੰਤਰੀ ਡਾ. ਅਬੀ ਦੀ ਅਗਵਾਈ ਅਤੇ ਉਨ੍ਹਾਂ ਦੀਆਂ ਪਹਿਲਕਦਮੀਆਂ ਦੀ ਪ੍ਰਸ਼ੰਸਾ ਕੀਤੀ। ਰਾਸ਼ਟਰ ਨਿਰਮਾਣ ਲਈ ਗਿਆਨ ਦੀ ਮਹੱਤਤਾ ਨੂੰ ਰੇਖਾਂਕਿਤ ਕਰਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤੀ ਅਧਿਆਪਕਾਂ ਲਈ ਇੱਕ ਸਦੀ ਤੋਂ ਵੱਧ ਸਮੇਂ ਤੋਂ ਇਥੀਓਪੀਆ ਦੀ ਤਰੱਕੀ ਅਤੇ ਵਿਕਾਸ ਵਿੱਚ ਯੋਗਦਾਨ ਪਾਉਣਾ ਖ਼ੁਸ਼ਕਿਸਮਤੀ ਦੀ ਗੱਲ ਰਹੀ ਹੈ।

3. ਪ੍ਰਧਾਨ ਮੰਤਰੀ ਮੋਦੀ ਨੇ ਇਹ ਪੁਰਸਕਾਰ ਉਨ੍ਹਾਂ ਸਾਰੇ - ਭਾਰਤੀਆਂ ਅਤੇ ਇਥੀਓਪੀਆ ਦੇ ਲੋਕਾਂ ਨੂੰ ਸਮਰਪਿਤ ਕੀਤਾ - ਜਿਨ੍ਹਾਂ ਨੇ ਸਦੀਆਂ ਤੋਂ ਦੁਵੱਲੇ ਸਬੰਧਾਂ ਨੂੰ ਪੋਸ਼ਿਤ ਕੀਤਾ ਹੈ ਅਤੇ ਇਸ ਸਨਮਾਨ ਦੇ ਮਿਲਣ ’ਤੇ 1.4 ਅਰਬ ਭਾਰਤੀਆਂ ਵੱਲੋਂ ਦਿਲੋਂ ਧੰਨਵਾਦ ਪ੍ਰਗਟ ਕੀਤਾ. ਇਸ ਪੁਰਸਕਾਰ ਦਾ ਮਿਲਣਾ ਭਾਰਤ ਅਤੇ ਇਥੀਓਪੀਆ ਦੇ ਵਿਚਕਾਰ ਨਜ਼ਦੀਕੀ ਸਾਂਝੇਦਾਰੀ ਅਤੇ ਗਲੋਬਲ ਸਾਊਥ ਦੇ ਸਕਾਰਾਤਮਕ ਏਜੰਡੇ ਨੂੰ ਅੱਗੇ ਵਧਾਉਣ ਵਿੱਚ ਇੱਕ ਮੀਲ ਦੇ ਪੱਥਰ ਨੂੰ ਦਰਸਾਉਂਦਾ ਹੈ। ਧਾਨ ਮੰਤਰੀ ਦੇ ਪੂਰੇ ਭਾਸ਼ਣ ਨੂੰ ਇੱਥੇ ਦੇਖਿਆ ਜਾ ਸਕਦਾ ਹੈ। [ਲਿੰਕ]

ਅੱਡੀਸ ਅਬਾਬਾ

16 ਦਸੰਬਰ 2025